# ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ
# ਰਾਸ਼ਟਰੀ ਮਾਧਮਿਕ ਸਿੱਖਿਆ ਅਭਿਆਨ, ਪੰਜਾਬ

ਐਸ.ਸੀ.ਓ. ਨੰ: 162-164, ਤੀਜੀ ਮੰਜ਼ਿਲ, ਸੈਕਟਰ 34-ਏ, ਚੰਡੀਗੜ੍ਹ ਫੋਨ : 0172-5043244

---

ਵੱਲ :

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ)
ਪੰਜਾਬ। (ਵੈਬਸਾਈਟ ਰਾਹੀਂ)

ਮੀਮੋ ਨੰ: ਏ.ਐਸ.ਪੀ.ਡੀ/ਰਮਸਅ/2010/**R055944**
ਮਿਤੀ, ਚੰਡੀਗੜ੍ਹ :21-12-2010

ਵਿਸ਼ਾ : ਬੋਰਡ ਪ੍ਰੀਖਿਆਵਾਂ ਦੌਰਾਨ ਸੰਵੇਦਨਸ਼ੀਲ/ਬਦਨਾਮ ਪ੍ਰੀਖਿਆ ਕੇਂਦਰਾਂ ਦੀ ਸੂਚੀ ਭੇਜਣ ਬਾਰੇ।

1.0 ਉਕਤ ਵਿਸ਼ੇ ਸੰਬੰਧੀ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਈਆਂ ਜਾਂਦੀਆਂ ਪ੍ਰੀਖਿਆਵਾਂ ਦੌਰਾਨ ਹਮੇਸ਼ਾ ਤੋਂ ਹੀ ਰਾਜ ਦੇ ਵੱਖ-ਵੱਖ ਹਿੱਸਿਆਂ ਤੋਂ ਨਕਲ ਦੀਆਂ ਸ਼ਿਕਾਇਤਾਂ ਪ੍ਰਾਪਤ ਹੁੰਦੀਆਂ ਰਹੀਆਂ ਹਨ।ਆਮ ਤੌਰ ਤੇ ਦੇਖਣ ਵਿੱਚ ਆਇਆ ਹੈ ਕਿ ਇਹਨਾਂ ਪ੍ਰੀਖਿਆਵਾਂ ਦੌਰਾਨ ਕੁਝ ਅਸਮਾਜਿਕ ਤੱਤ ਹਮੇਸ਼ਾ ਹੀ ਨਕਲ ਕਰਵਾਉਣ ਦੀ ਕੋਸ਼ਿਸ਼ ਕਰਦੇ ਹਨ, ਜਿਸ ਨਾਲ ਸਿੱਖਿਆ ਦੇ ਮਿਆਰ ਤੇ ਬੜਾ ਮਾੜਾ ਅਸਰ ਪੈਂਦਾ ਹੈ।ਬੋਰਡ ਪ੍ਰੀਖਿਆਵਾਂ ਦੌਰਾਨ ਨਕਲ ਦੀਆਂ ਇਹਨਾਂ ਸ਼ਿਕਾਇਤਾਂ ਦੌਰਾਨ ਹੀ ਕਈ ਪ੍ਰੀਖਿਆ ਕੇਂਦਰਾਂ ਦੀਆਂ ਗੰਭੀਰ ਸ਼ਿਕਾਇਤਾਂ ਵਾਰ-ਵਾਰ ਮੁੱਖ ਦਫ਼ਤਰ ਨੂੰ ਪ੍ਰਾਪਤ ਹੁੰਦੀਆਂ ਹਨ।

3.0 ਉਕਤ ਸਥਿਤੀ ਨੂੰ ਵਿਚਾਰਦਿਆਂ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਜ਼ਿਲ੍ਹੇ ਦੇ ਸੰਵੇਦਨਸ਼ੀਲ ਅਤੇ ਨਕਲ ਲਈ ਬਦਨਾਮ ਪ੍ਰੀਖਿਆ ਕੇਂਦਰਾਂ ਦੀਆਂ ਸੂਚੀਆਂ 31.12.2010 ਤੱਕ ਹਰ ਹਾਲਤ ਵਿੱਚ ਇਸ ਦਫ਼ਤਰ ਨੂੰ ਪੁੱਜਦੀਆਂ ਕੀਤੀਆਂ ਜਾਣ।

4.0 ਉਪਰੋਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ ਜੀ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ ਚੰਡੀਗੜ੍ਹ